# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :23-04-2026**

- ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਵਲੋਂ ਕੱਲ ਤੋਂ 26 ਅਪ੍ਰੈਲ ਤੱਕ ਚੰਡੀਗੜ੍ਹ ਵਿੱਚ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਤਿੰਨ ਦਿਨਾਂ ਚਿੰਤਨ ਸ਼ਿਵਿਰ ਦਾ ਆਯੋਜਨ।
- ਹੰਗਾਮੀ ਤਿਆਰੀ ਦਾ ਮੁਲਾਂਕਣ ਕਰਨ ਲਈ, ਪੰਜਾਬ ਭਰ ਵਿੱਚ ਕੱਲ੍ਹ 24 ਅਪ੍ਰੈਲ ਰਾਤ ਨੂੰ ਇੱਕ ਪ੍ਰਕਿਰਿਆਤਮਕ ਬਲੈਕਆਉਟ ਮੌਕ ਡ੍ਰਿਲ ਕੀਤੀ ਜਾਵੇਗੀ।
- ਕੈਬਿਨੇਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ 30 ਜੂਨ ਤੱਕ ਹੜ੍ਹ ਰੋਕਥਾਮ ਕੰਮ ਮੁਕੰਮਲ ਕਰਨ ਦੇ ਨਿਰਦੇਸ਼, ਨਹਿਰੀ ਸਿੰਚਾਈ ਅਧੀਨ ਰਕਬਾ 78 ਫ਼ੀਸਦੀ ਤੋਂ ਵਧਾਉਣ 'ਤੇ ਜ਼ੋਰ ਦਿੱਤਾ।
- -ਪੰਜਾਬ ਸਕੂਲ ਸਿੱਖਿਆ ਬੋਰਡ ਆਪਣੇ ਮਾਨਤਾ ਪ੍ਰਾਪਤ ਨਿਜੀ ਸਕੂਲਾਂ ਵਿੱਚ ਪੜ੍ਹ ਰਹੇ ਪਹਿਲੀ ਤੋਂ 12ਵੀਂ ਜਮਾਤ ਦੇ ਹਰੇਕ ਵਿਦਿਆਰਥੀ ਨੂੰ, 2026-27 ਦੇ ਅਕਾਦਮਿਕ ਸੈਸ਼ਨ ਤੋਂ ਕਿਤਾਬਾਂ ਮੁਹਈਆ ਕਰੇਗਾ।

- ਮੌਸਮ ਵਿਭਾਗ ਨੇ ਪੰਜਾਬ ‘ਚ ਜ਼ਿਆਦਾਤਰ ਥਾਵਾਂ ‘ਤੇ 25 ਅਪ੍ਰੈਲ ਤੱਕ ਲੂ ਚਲਣ ਦਾ ਯੇਲੋ ਅਲਰਟ ਜਾਰੀ ਕੀਤਾ ।

---------------------------------------------------------

ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ ਕੱਲ 24 ਤੋਂ 26 ਅਪ੍ਰੈਲ, 2026 ਤੱਕ ਚੰਡੀਗੜ੍ਹ ਵਿੱਚ "ਅੰਤਯੋਦਿਆ ਕਾ ਸੰਕਲਪ, ਅੰਮ੍ਰਿਤ ਕਾਲ ਕਾ ਪ੍ਰਤਿਬਿੰਬ - ਵਿਕਾਸ ਭਾਰਤ @2047" ਥੀਮ 'ਤੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਤਿੰਨ ਦਿਨਾਂ ਚਿੰਤਨ ਸ਼ਿਵਿਰ ਦਾ ਆਯੋਜਨ ਕਰੇਗਾ। ਇਹ ਥੀਮ ਅੰਮ੍ਰਿਤ ਕਾਲ ਅਤੇ ਵਿਕਾਸ ਭਾਰਤ ਦੇ ਦ੍ਰਿਸ਼ਟੀਕੋਣ ਦੇ ਮੁਤਾਬਿਕ  ਸਮਾਵੇਸ਼ੀ ਸਸ਼ਕਤੀਕਰਨ ਪ੍ਰਤੀ ਮੰਤਰਾਲੇ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ । ਇਸ ਸ਼ਿਵਿਰ ਦਾ ਉਦੇਸ਼ ਸਮਾਜਿਕ ਨਿਆਂ ਪਹਿਲਕਦਮੀਆਂ ਦੀ ਸਪੁਰਦਗੀ ਨੂੰ ਮਜ਼ਬੂਤ ਕਰਨਾ, ਮੁੱਖ ਯੋਜਨਾਵਾਂ ਨੂੰ ਹਰ ਵਿਅਕਤੀ ਤਕ ਯਕੀਨੀ ਬਣਾਉਣਾ ਬਣਾਉਣਾ ਅਤੇ ਹਾਸ਼ੀਏ 'ਤੇ ਪਏ ਭਾਈਚਾਰਿਆਂ ਦੇ ਸਮਾਵੇਸ਼ੀ ਅਤੇ ਟਿਕਾਊ ਸਸ਼ਕਤੀਕਰਨ ਲਈ ਇੱਕ ਕਾਰਜਸ਼ੀਲ ਖਾਕਾ ਵਿਕਸਤ ਕਰਨਾ ਏ । ਉਦਘਾਟਨ ਸੈਸ਼ਨ ਦੀ ਪ੍ਰਧਾਨਗੀ ਕੇਂਦਰੀ ਸਮਾਜਿਕ ਨਿਆਂ ਅਤੇ

ਸਸ਼ਕਤੀਕਰਨ ਮੰਤਰੀ, ਡਾ. ਵੀਰੇਂਦਰ ਕੁਮਾਰ, ਰਾਜ ਮੰਤਰੀ ਬੀ. ਐਲ. ਵਰਮਾ ਅਤੇ ਰਾਮਦਾਸ ਅਠਾ-ਵਲੇ ਦੀ ਮੌਜੂਦਗੀ ਵਿੱਚ ਕਰਨਗੇ। ਇਸ ਸਮਾਗਮ ਵਿੱਚ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੰਤਰੀ ਅਤੇ ਅਧਿਕਾਰੀ, ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਵਿਭਾਗ ਅਤੇ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਵਿਭਾਗ ਦੇ ਸਕੱਤਰ ਅਤੇ ਸੀਨੀਅਰ ਅਧਿਕਾਰੀ ਸ਼ਾਮਲ ਹੋਣਗੇ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, 24 ਅਪ੍ਰੈਲ ਨੂੰ ਚਿੰਤਨ ਸ਼ਿਵਿਰ ਦੌਰਾਨ ਵੀ ਮੌਜੂਦ ਰਹਿਣਗੇ। ਵਿਚਾਰ-ਵਟਾਂਦਰਾ 26 ਅਪ੍ਰੈਲ ਨੂੰ ਵਧੇ ਹੋਏ ਤਾਲਮੇਲ, ਭਾਈਚਾਰਕ ਭਾਗੀਦਾਰੀ ਅਤੇ ਤਕਨਾਲੋਜੀ-ਯੋਗ ਡਿਲੀਵਰੀ ਰਾਹੀਂ ਭਾਰਤ ਦੇ ਸਮਾਜਿਕ ਨਿਆਂ ਢਾਂਚੇ ਨੂੰ ਮਜ਼ਬੂਤ ਕਰਨ ਲਈ ਇੱਕ ਸਪੱਸ਼ਟ ਖਾਕੇ ਦੇ ਨਾਲ ਸਮਾਪਤ ਹੋਵੇਗਾ ।

---------------------------------------------------------------------

ਹੰਗਾਮੀ ਤਿਆਰੀ ਦਾ ਮੁਲੰਕਣ ਕਰਨ ਲਈ ਕੱਲ੍ਹ 24 ਅਪ੍ਰੈਲ ਰਾਤ ਨੂੰ ਪੰਜਾਬ ਭਰ ਵਿੱਚ ਇੱਕ ਪ੍ਰਕਿਰਿਆਤਮਕ ਬਲੈਕਆਊਟ ਮੌਕ ਡ੍ਰਿਲ

ਕੀਤੀ ਜਾਵੇਗੀ। ਸੂਬੇ ਵਿੱਚ ਸਿਵਲ ਡਿਫੈਂਸ ਤਿਆਰੀ ਦਾ ਮੁਲਾਂਕਣ ਕਰਨ ਅਤੇ ਵਧਾਉਣ ਲਈ ਤਿਆਰ ਕੀਤਾ ਗਿਆ ਏ , ਲੋਕਾਂ ਨੂੰ ਕਿਸੇ ਵੀ ਚੀਜ਼ ਬਾਰੇ ਚਿੰਤਾ ਕਰਨ ਦੀ ਲੋੜ ਨਹੀਂ ਏ । ਗ੍ਰਿਹ ਮੰਤਰਾਲੇ ਦੇ ਨਿਰਦੇਸ਼ਾਂ ਮੁਤਾਬਿਕ ਸੂਬੇ ਵਿੱਚ ਸਿਵਲ ਡਿਫੈਂਸ ਤਿਆਰੀ ਦੀ ਜਾਂਚ ਕਰਨ ਲਈ, ਕੱਲ੍ਹ ਸਾਰੇ ਜ਼ਿਲ੍ਹਿਆਂ ਵਿੱਚ ਪਹਿਲਾਂ ਤੋਂ ਪਛਾਣੇ ਗਏ ਖੇਤਰਾਂ ਵਿੱਚ ਇੱਕ ਸਿਵਲ ਡਿਫੈਂਸ ਏਅਰ ਰੇਡ, ਬਲੈਕਆਉਟ ਮੌਕ ਡ੍ਰਿਲ ਕੀਤੀ ਜਾਵੇਗੀ। ਮੌਕ ਡ੍ਰਿਲ ਇੱਕ ਹਵਾਈ ਹਮਲੇ ਦੇ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ, ਜਿਸ ਨੂੰ ਦੋ ਮਿੰਟ ਲਈ ਸਾਇਰਨ ਰਾਹੀਂ ਪ੍ਰਸਾਰਿਤ ਕੀਤਾ ਜਾਵੇਗਾ। ਇਹਨਾਂ ਪਛਾਣੇ ਗਏ ਖੇਤਰਾਂ ਵਿੱਚ ਆਮ ਲੋਕਾਂ ਨੂੰ ਬਲੈਕਆਉਟ ਦੇ ਸਮੇਂ ਦੌਰਾਨ ਸਾਰੀਆਂ ਗੈਰ-ਜ਼ਰੂਰੀ ਰੋਸ਼ਨੀ ਬੰਦ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਹਾਲਾਂਕਿ, ਜ਼ਰੂਰੀ ਸੇਵਾਵਾਂ ਡ੍ਰਿਲ ਦੌਰਾਨ ਪੂਰੀ ਤਰ੍ਹਾਂ ਕਾਰਜਸ਼ੀਲ ਰਹਿਣਗੀਆਂ । ਇਸੇ ਤਹਿਤ ਜਲੰਧਰ 'ਚ ਕੱਲ ਰਾਤ 8 ਵਜੇ ਸਿਰਫ ਖਾਲਸਾ ਕਾਲਜ ਫਾਰ ਵੂਮੈਨ ਕੈਂਪਸ, ਵਿਖੇ ਸਿਵਲ ਡਿਫੈਂਸ ਏਅਰ ਰੇਡ, ਬਲੈਕ ਆਊਟ ਮੌਕ ਕਰਵਾਈ ਜਾ ਰਹੀ ਏ ।

ਇਸ ਬਾਰੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦਸਿਆ I

BYTE:RNU230426

---------------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸਿੰਚਾਈ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਅਤੇ ਸੂਬੇ ਭਰ ਵਿੱਚ ਹੜ੍ਹ ਰੋਕਣ ਬਾਰੇ ਕਾਰਜ ਛੇਤੀ ਤੋਂ ਛੇਤੀ ਮੁਕੰਮਲ ਕਰਨ ਲਈ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ । ਪੰਜਾਬ ਸਿਵਲ ਸਕੱਤਰੇਤ ਵਿਖੇ ਖਣਨ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਕੈਬਨਿਟ ਮੰਤਰੀ ਨੇ ਗ਼ੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਉਡਣ ਦਸਤੇ ਕਾਇਮ ਕਰਨ ਦੇ ਹੁਕਮ ਦਿੱਤੇ। ਇਸੇ ਤਰ੍ਹਾਂ ਉਨ੍ਹਾਂ ਵੱਧ ਤੋਂ ਵੱਧ ਵਪਾਰਕ ਮਾਈਨਿੰਗ ਸਾਈਟਾਂ ਚਾਲੂ ਕਰਨ ‘ਤੇ ਜ਼ੋਰ ਦਿੱਤਾ ਤਾਂ ਜੋ ਲੋਕਾਂ ਨੂੰ ਰੇਤ-ਬਜਰੀ ਜਿਹੇ ਖਣਿਜ ਪਦਾਰਥਾਂ ਦੀ ਸਪਲਾਈ ਵਿੱਚ ਸੁਧਾਰ ਹੋ ਸਕੇ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾ ਸਕੇ। ਆਧੁਨਿਕ ਪ੍ਰਬੰਧਨ ਪ੍ਰਣਾਲੀ ਦੀ ਲੋੜ ‘ਤੇ ਜ਼ੋਰ ਦਿੰਦਿਆਂ ਉਨ੍ਹਾਂ ਤੁਰੰਤ ਨਿਗਰਾਨੀ ਅਤੇ ਕੰਟਰੋਲ ਲਈ ਆਧੁਨਿਕ ਸਾਫ਼ਟਵੇਅਰ ਦੇ ਉਪਯੋਗ ਦੀ ਹਦਾਇਤ ਵੀ ਦਿੱਤੀ। ਜਲ ਸਰੋਤ ਵਿਭਾਗ ਦੇ ਕਾਰਜਾਂ ਦੀ ਪ੍ਰਗਤੀ ਦਾ ਮੁਲਾਂਕਣ

ਕਰਦਿਆਂ ਸ੍ਰੀ ਗੋਇਲ ਨੇ ਹਦਾਇਤ ਕੀਤੀ ਕਿ ਸਾਰੇ ਹੜ੍ਹ ਰੋਕਥਾਮ ਕਾਰਜ 30 ਜੂਨ ਤੋਂ ਪਹਿਲਾਂ ਪੂਰੇ ਕੀਤੇ ਜਾਣ ਤਾਂ ਜੋ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸੰਕਟਕਾਲੀ ਸਥਿਤੀ ਨੂੰ ਟਾਲ਼ਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਹਿਰੀ ਪਾਣੀ ਅਧੀਨ ਸਿੰਜਾਈ ਖੇਤਰ ਦੇ ਮੌਜੂਦਾ 78 ਫ਼ੀਸਦੀ ਘੇਰੇ ਨੂੰ ਹੋਰ ਵਧਾਇਆ ਜਾਵੇ ਤਾਂ ਜੋ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਈ ਜਾ ਸਕੇ।

--------------------------------------------------------------------------------

ਪੰਜਾਬ ਕਿਰਤ ਭਲਾਈ ਬੋਰਡ ਵੱਲੋਂ ਪਿਛਲੇ ਵਿੱਤੀ ਸਾਲ ਦੌਰਾਨ ਵੱਖ-ਵੱਖ ਭਲਾਈ ਯੋਜਨਾਵਾ ਅਧੀਨ 7 ਹਜ਼ਾਰ 831 ਲਾਭਪਾਤਰੀਆਂ ਨੂੰ 17 ਕਰੋੜ 11 ਲਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ। ਬੋਰਡ ਦੀਆਂ ਚੱਲ ਰਹੀਆਂ ਗਤੀਵਿਧੀਆਂ ਅਤੇ ਪ੍ਰਗਤੀ ਦਾ ਮੁਲਾਂਕਣ ਕਰਨ ਲਈ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅਧਿਕਾਰੀਆਂ ਨੂੰ ਜਾਗਰੂਕਤਾ ਮੁਹਿੰਮਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਵੱਡੀ ਗਿਣਤੀ ਵਿੱਚ ਯੋਗ ਕਾਮੇ ਭਲਾਈ ਸਕੀਮਾਂ ਦਾ ਲਾਭ ਲੈ ਸਕਣ। ਮੰਤਰੀ ਨੇ

ਕਿਹਾ ਕਿ ਪੰਜਾਬ ਕਿਰਤ ਭਲਾਈ ਫੰਡ ਐਕਟ, 1965 ਅਧੀਨ ਆਉਂਦੇ ਅਦਾਰਿਆਂ ਵਿੱਚ ਕੰਮ ਕਰਨ ਵਾਲੇ ਉਦਯੋਗਿਕ ਕਾਮੇ ਬੋਰਡ ਵੱਲੋਂ ਦਿੱਤੇ ਜਾਂਦੇ ਲਾਭ ਪ੍ਰਾਪਤ ਕਰਨ ਦੇ ਯੋਗ ਹਨ। ਮੰਤਰੀ ਨੇ ਕਿਹਾ ਕਿ ਹਰੇਕ ਯੋਗ ਕਾਮੇ ਤੱਕ ਭਲਾਈ ਸਕੀਮਾਂ ਦੀ ਪਹੁੰਚ ਯਕੀਨੀ ਬਣਾਈ ਜਾਵੇ ਤਾਂ ਜੋ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਹੋਵੇ ਅਤੇ ਲੋੜ ਸਮੇਂ ਸੁਰੱਖਿਆ ਪ੍ਰਦਾਨ ਕੀਤੀ ਜਾ ਸਕੇ।

------------------------------------------------------------------------

ਪੰਜਾਬ ਸਰਕਾਰ ਨੇ ਨਿੱਜੀ ਸਕੂਲਾਂ ਲਈ ਪਾਠ ਪੁਸਤਕਾਂ ਦੀ ਵੰਡ ਵਿੱਚ ਇੱਕ ਵੱਡਾ ਸੁਧਾਰ ਪੇਸ਼ ਕੀਤਾ ਏ। 2026-27 ਦੇ ਅਕਾਦਮਿਕ ਸੈਸ਼ਨ ਤੋਂ, ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਹਰੇਕ ਵਿਦਿਆਰਥੀ ਨੂੰ ਸਿੱਧੇ ਤੌਰ 'ਤੇ ਕਿਤਾਬਾਂ ਦੀ ਸਪਲਾਈ ਕਰੇਗਾ, ਜਿਸ ਨਾਲ ਅਧਿਕਾਰਤ ਏਜੰਸੀਆਂ ਅਤੇ ਕਿਤਾਬਾਂ ਦੀਆਂ ਦੁਕਾਨਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਏਕਾਧਿਕਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਖਤਮ ਕੀਤਾ ਜਾਵੇਗਾ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਫੈਸਲਾ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ, ਪਰਿਵਾਰਾਂ ਲਈ ਖਰਚੇ ਘਟਾਉਣ

ਅਤੇ ਸਾਲਸੀਆਂ 'ਤੇ ਨਿਰਭਰਤਾ ਤੋਂ ਬਿਨਾਂ ਪਾਠ-ਪੁਸਤਕਾਂ ਦੀ ਸਮੇਂ ਸਿਰ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਏ । ਸਕੂਲ ਸਖ਼ਤੀ ਨਾਲ ਇਹ ਯਕੀਨੀ ਬਣਾਉਣਗੇ ਕਿ ਛਪਾਈ ਗਈ ਬਿੱਲ ਕੀਮਤ ਤੋਂ ਵੱਧ ਕੋਈ ਰਕਮ ਨਾ ਲਈ ਜਾਵੇ। ਉਹ ਕੋਈ ਮਾਲੀਆ ਪੈਦਾ ਕੀਤੇ ਬਿਨਾਂ ਸਿਰਫ਼ ਵੰਡ ਦੀ ਸਹੂਲਤ ਦੇਣਗੇ। ਉਨ੍ਹਾਂ ਕਿਹਾ ਕਿ ਇਸ ਨਾਲ ਨਿੱਜੀ ਸਕੂਲਾਂ ਦੇ 10 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਨਿੱਜੀ ਸਕੂਲਾਂ ਦੇ 10 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਹੋਵੇਗਾ। ਮੰਤਰੀ ਨੇ ਦੱਸਿਆ ਕਿ ਬੋਰਡ ਨੇ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਇੱਕ ਸਮਰਪਿਤ ਈ-ਕਾਮਰਸ ਪੋਰਟਲ ਵਿਕਸਤ ਕੀਤਾ ਏ । ਵਿਦਿਆਰਥੀ ਮੋਬਾਈਲ ਐਪਲੀਕੇਸ਼ਨ ਜਾਂ ਔਨਲਾਈਨ ਪੋਰਟਲ ਰਾਹੀਂ ਪਾਠ-ਪੁਸਤਕਾਂ ਦੀਆਂ ਮੰਗਾਂ ਰੱਖ ਸਕਣਗੇ, ਜਦੋਂ ਕਿ ਸਕੂਲ ਕਲਾਸ-ਵਾਰ ਅਤੇ ਵਿਸ਼ਾ-ਵਾਰ ਲੋੜਾਂ ਨੂੰ ਡਿਜੀਟਲ ਰੂਪ ਵਿੱਚ ਅਪਲੋਡ ਕਰਨਗੇ। ਬੋਰਡ ਦੇ ਚੇਅਰਮੈਨ, ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਪੋਰਟਲ ਨੂੰ ਇੱਕ ਸੁਰੱਖਿਅਤ ਔਨਲਾਈਨ ਅਦਾਇਗੀ ਗੇਟਵੇ ਨਾਲ ਜੋੜਿਆ ਗਿਆ ਏ ਤਾਂ ਜੋ ਸਹਿਜ, ਪਾਰਦਰਸ਼ੀ ਅਤੇ ਕੁਸ਼ਲ ਲੈਣ-ਦੇਣ ਨੂੰ ਯਕੀਨੀ ਬਣਾਇਆ ਜਾ ਸਕੇ।

---

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (CBSE) 10ਵੀਂ ਜਮਾਤ ਦੀ ਪ੍ਰੀਖਿਆ 2026 ਦਾ ਦੂਜਾ ਗੇੜ 15 ਮਈ ਤੋਂ ਕਰਵਾਏਗਾ। ਇਹ ਪ੍ਰੀਖਿਆ ਵਿਕਲਪਿਕ ਏ ਅਤੇ ਇਹ ਪ੍ਰੀਖਿਆ ਉਹ ਵਿਦਿਆਰਥੀ ਦੇ ਸਕਦੇ ਨੇ ਜੋ ਪਹਿਲੇ ਗੇੜ ਵਿੱਚ ਹਾਸਿਲ ਹੋਏ ਆਪਣੇ ਅੰਕ ਸੁਧਾਰਨਾ ਚਾਹੁੰਦੇ ਨੇ. ਸਾਰੇ ਸਫਲ ਵਿਦਿਆਰਥੀ ਵਿਗਿਆਨ, ਗਣਿਤ, ਸਮਾਜਿਕ ਵਿਗਿਆਨ ਅਤੇ ਭਾਸ਼ਾਵਾਂ ਵਿੱਚੋਂ ਕਿਸੇ ਵੀ ਤਿੰਨ ਵਿਸ਼ਿਆਂ ਵਿੱਚ ਆਪਣੀ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ ਲਈ ਪ੍ਰੀਖਿਆ ਦੇ ਸਕਦੇ ਨੇ. ਬੋਰਡ ਨੇ 15 ਅਪ੍ਰੈਲ ਨੂੰ 10ਵੀਂ ਜਮਾਤ ਦੀ ਪਹਿਲੀ ਮੁੱਖ ਪ੍ਰੀਖਿਆ ਦੇ ਨਤੀਜੇ ਐਲਾਨੇ।

ਇਹ ਪਹਿਲ, ਰਾਸ਼ਟਰੀ ਸਿੱਖਿਆ ਨੀਤੀ 2020 ਮੁਤਾਬਿਕ ਏ. ਇਸਦਾ ਉਦੇਸ਼ ਵਿਦਿਆਰਥੀਆਂ ਨੂੰ ਇੱਕ ਅਕਾਦਮਿਕ ਸਾਲ ਦੇ ਅੰਦਰ ਦੂਜਾ ਮੌਕਾ ਦੇ ਕੇ ਪ੍ਰੀਖਿਆ ਨਾਲ ਸਬੰਧਤ ਤਣਾਅ ਨੂੰ ਘਟਾਉਣਾ ਏ।

------------------------------------------------------------

ਪੰਜਾਬ ਸਮੇਤ ਦੇਸ਼ ਭਰ 'ਚ 9 ਅਪ੍ਰੈਲ ਤੋਂ ਅੱਜ 23 ਅਪ੍ਰੈਲ ਤੱਕ ਪੋਸ਼ਣ ਪੰਦ੍ਰਵਾੜਾ ਉਤਸ਼ਾਹ ਨਾਲ ਮਨਾਇਆ ਗਿਆ I ਇਸ ਪੰਦ੍ਰਵਾੜੇ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ, ਛੋਟੇ ਬੱਚਿਆਂ ਦੀਆਂ ਮਾਂਤਾਵਾਂ ਅਤੇ ਬੱਚਿਆਂ

ਨੂੰ ਸਹੀ ਖ਼ੁਰਾਕ ਅਤੇ ਸਿਹਤ ਸੰਭਾਲ ਪ੍ਰਤੀ ਜਾਗਰੂਕ ਕਰਨਾ ਏ। ਇਸੇ ਤਹਿਤ ਗੁਰਦਾਸਪੁਰ, ਮੋਹਾਲੀ ਤੇ ਪਠਾਨਕੋਟ ਸਮੇਤ ਸੂਬੇ ਭਰ 'ਚ ਵੱਖ ਵੱਖ ਥਾਵਾਂ 'ਤੇ ਕੈਂਪ ਲਗਾ ਕੇ ਲੋਕਾਂ ਖਾਸਕਰ ਔਰਤਾਂ ਨੂੰ ਜਾਗਰੂਕ ਕੀਤਾ ਗਿਆ I ਜਾਣਕਾਰੀ ਦਿੰਦੇ ਫਰੀਦਕੋਟ ਤੋਂ ਆਂਗਣਵਾੜੀ ਸੁਪਰਵਾਈਜ਼ਰ ਕਮਲਜੀਤ ਕੌਰ ਨੇ ਦਸਿਆ I bytes

---------------------------------------------------------------------

ਅੱਜ ਵਿਸ਼ਵ ਕਿਤਾਬ ਅਤੇ ਕਾਪੀਰਾਈਟ ਦਿਵਸ ਮਨਾਇਆ ਜਾ ਰਿਹਾ ਏ , ਜੋ ਪੜ੍ਹਨ, ਲਿਖਣ, ਪ੍ਰਕਾਸ਼ਨ ਅਤੇ ਕਾਪੀਰਾਈਟ ਦੀ ਮਹੱਤਤਾ ਨੂੰ ਉਜਾਗਰ ਕਰਦਾ ਏ I ਇਸ ਬਾਰੇ ਮੋਹਾਲੀ ਦੇ ਲੇਖਕ ਤੇ ਆਲੋਚਕ ਵਿਜੇ ਕਪੂਰ ਨੇ ਦਸਿਆ I BYTES

---------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਉਨ੍ਹਾਂ ਦੇ ਕਬਜ਼ੇ ਚੋਂ 915 ਗ੍ਰਾਮ ਨਸ਼ੀਲਾ ਪਦਾਰਥ , 5 ਪਿਸਤੌਲ ਅਤੇ ਜ਼ਿੰਦਾ ਕਾਰਤੂਸ

ਬਰਾਮਦ ਕੀਤੇ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਮੁਲਜ਼ਮ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ ਅਤੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਵੰਡ ਲਈ ਸਥਾਨਕ ਹੈਂਡਲਰ ਵਜੋਂ ਕੰਮ ਕਰ ਰਹੇ ਸਨ। ਅੰਮ੍ਰਿਤਸਰ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਏ।

--------------------------------------------------------------------------

ਮੌਸਮ ਵਿਭਾਗ ਨੇ ਪੰਜਾਬ ‘ਚ ਜ਼ਿਆਦਾਤਰ ਥਾਵਾਂ ‘ਤੇ 25 ਅਪ੍ਰੈਲ ਤੱਕ ਗਰਮ ਰਾਤਾਂ ਦੇ ਨਾਲ ਲੂ ਚਲਣ ਦਾ ਯੇਲੋ ਅਲਰਟ ਜਾਰੀ ਕਰ ਦਿੱਤਾ ਏ। ਕਲ੍ਹ ਪੰਜਾਬ ‘ਚ ਬਠਿੰਡਾ 44 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਥਾਂ ਰਹੀ ਜਦਕਿ ਹਰਿਆਣਾ ਵਿੱਚ ਫਰੀਦਾਬਾਦ ਵਿੱਚ ਬੋਪਾਨੀ 43.4 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ. । ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਨੇ ਐਤਵਾਰ ਤੋਂ ਮੰਗਲਵਾਰ 28 ਅਪ੍ਰੈਲ ਤਕ ਮੌਸਮ ‘ਚ ਬਦਲਾਅ ਦੀ ਉਮੀਦ ਜਤਾਈ ਏ. ਵਿਭਾਗ ਨੇ 26 ਤੋਂ 28 ਅਪ੍ਰੈਲ ਤਕ ਪੰਜਾਬ ਤੇ ਹਰਿਆਣਾ ‘ਚ ਗਰਜ

ਚਮਕ ਤੇ ਤੇਜ਼ ਹਵਾਵਾਂ ਦੇ ਨਾਲ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਵੀ ਕੀਤੀ ਏ ਚੰਡੀਗੜ੍ਹ ‘ਚ ਵੀ 26 ਅਪ੍ਰੈਲ ਨੂੰ ਹਲਕੀ ਬਾਰਿਸ਼ ਹੋ ਸਕਦੀ ਏ.

--------------------------------------------------------------------

IPL ਕ੍ਰਿਕਟ ਵਿੱਚ, ਅੱਜ ਮੁੰਬਈ 'ਚ ਸ਼ਾਮੀਂ ਸਾਢੇ 7 ਵਜੇ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

--------------------------------------------------------------------

- ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਵਲੋਂ ਕੱਲ ਤੋਂ 26 ਅਪ੍ਰੈਲ ਤੱਕ ਚੰਡੀਗੜ੍ਹ ਵਿੱਚ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਤਿੰਨ ਦਿਨਾਂ ਚਿੰਤਨ ਸ਼ਿਵਿਰ ਦਾ ਆਯੋਜਨ।
- ਹੰਗਾਮੀ ਤਿਆਰੀ ਦਾ ਮੁਲਾਂਕਣ ਕਰਨ ਲਈ, ਪੰਜਾਬ ਭਰ ਵਿੱਚ ਕੱਲ੍ਹ 24 ਅਪ੍ਰੈਲ ਰਾਤ ਨੂੰ ਇੱਕ ਪ੍ਰਕਿਰਿਆਤਮਕ ਬਲੈਕਆਊਟ ਮੌਕ ਡ੍ਰਿਲ ਕੀਤੀ ਜਾਵੇਗੀ।
- ਕੈਬਿਨੇਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ 30 ਜੂਨ ਤੱਕ ਹੜ੍ਹ ਰੋਕਥਾਮ ਕੰਮ ਮੁਕੰਮਲ ਕਰਨ ਦੇ ਨਿਰਦੇਸ਼, ਨਹਿਰੀ ਸਿੰਚਾਈ ਅਧੀਨ ਰਕਬਾ 78 ਫ਼ੀਸਦੀ ਤੋਂ ਵਧਾਉਣ 'ਤੇ ਜ਼ੋਰ ਦਿੱਤਾ।

- ਪੰਜਾਬ ਸਕੂਲ ਸਿੱਖਿਆ ਬੋਰਡ ਆਪਣੇ ਮਾਨਤਾ ਪ੍ਰਾਪਤ ਨਿਜੀ ਸਕੂਲਾਂ ਵਿੱਚ ਪੜ੍ਹ ਰਹੇ ਪਹਿਲੀ ਤੋਂ 12ਵੀਂ ਜਮਾਤ ਦੇ ਹਰੇਕ ਵਿਦਿਆਰਥੀ ਨੂੰ, 2026-27 ਦੇ ਅਕਾਦਮਿਕ ਸੈਸ਼ਨ ਤੋਂ ਕਿਤਾਬਾਂ ਮੁਹਈਆ ਕਰੇਗਾ। ਅਤੇ
- ਮੌਸਮ ਵਿਭਾਗ ਨੇ ਪੰਜਾਬ 'ਚ ਜ਼ਿਆਦਾਤਰ ਥਾਵਾਂ 'ਤੇ 25 ਅਪ੍ਰੈਲ ਤੱਕ ਲੂ ਚਲਣ ਦਾ ਯੇਲੋ ਅਲਰਟ ਜਾਰੀ ਕੀਤਾ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**